# ਲੋੜਵੰਦਾਂ ਤਕ ਖਾਣਾ ਪਹੁੰਚਾ ਰਹੀ ਪੰਜਾਬ ਪੁਲਿਸ

ਜਤਿੰਦਰ ਸਿੰਘ ਭੰਵਰਾ, ਸ੍ਰੀ ਮੁਕਤਸਰ ਸਾਹਿਬ



ਲੋੜਵੰਦ ਪਰਿਵਾਰਾਂ ਲਈ ਖਾਣਾ ਤਿਆਰ ਕਰਨ ਮੌਕੇ ਮੌਜੂਦ ਪੁਲਿਸ ਅਧਿਕਾਰੀ ਅਤੇ ਮੁਲਾਜ਼ਮ।

ਪੰਜਾਬ ਸਰਕਾਰ ਤੇ ਡੀਜੀਪੀ ਪੰਜਾਬ ਵੱਲੋਂ ਪੰਜਾਬ ਅੰਦਰ ਲੋੜਵੰਦ ਪਰਿਵਾਰਾਂ ਨੂੰ ਘਰ-ਘਰ ਰਾਸ਼ਨ ਪਹੁੰਚਾਉਣ ਲਈ ਚਲਾਈ ਗਈ ਮੁਹਿੰਮ ਤਹਿਤ ਐੱਸਐੱਸਪੀ ਡੀ. ਸੁਡਰਵਿਲੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਪੁਲਿਸ ਟੀਮਾਂ ਤਿਆਰ ਕੀਤੀ ਗਈਆਂ ਹਨ। ਇਨ੍ਹਾਂ ਪੁਲਿਸ ਟੀਮਾਂ ਵੱਲੋਂ ਹੈਲਪ ਲਾਇਨ ਨੰਬਰ ਜਰੀਏ ਜਰੂਰਤਮੰਦ ਪਰਿਵਾਰਾਂ ਦੇ ਘਰ-ਘਰ ਜਾ ਕੇ ਖਾਣਾ ਪਹੁੰਚਾਇਆ ਜਾ ਰਿਹਾ ਹੈ। ਐਸਐਸਪੀ ਡੀ. ਸੁਡਰਵਿਲੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆਂ ਕਿ ਕੋਰੋਨਾ ਵਾਇਰਸ ਬਿਮਾਰੀ ਦੌਰਾਨ ਜੋ ਲੋੜਵੰਦ ਪਰਿਵਾਰ ਖਾਣਾ ਬਣਾਉਣ ਅਤੇ ਰਾਸ਼ਨ ਲੈ ਤੋਂ ਅਸਮਰੱਥ ਹਨ ਉਨ੍ਹਾਂ ਲੋੜਵੰਦ ਪਰਿਵਾਰਾਂ ਲਈ ਜ਼ਿਲ੍ਹਾ ਪੁਲਿਸ ਵੱਲੋਂ ਘਰ-ਘਰ ਕੱਚਾ ਰਾਸ਼ਨ ਅਤੇ ਤਿਆਰ ਕੀਤਾ ਭੋਜਨ ਭੇਜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਨਾਲ ਲੜਨ ਲਈ ਸਾਰਿਆ ਨੂੰ ਜਰੂਰਤਮੰਦ ਪਰਿਵਾਰਾ ਦੀ ਮੱਦਦ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਕੋਈ ਲੋੜਵੰਦ ਪਰਿਵਾਰ ਭੁੱਖਾ ਨਾ ਰਹਿ ਸਕੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਬਿਨ੍ਹਾਂ ਜਰੂਰਤ ਤੋਂ ਘਰ ਤੋਂ ਬਾਹਰ ਨਾ ਨਿਕਲੋ ਅਤੇ ਕੋਈ ਜਰੂਰੀ ਸਮਾਨ ਲੈਣ ਲਈ ਹੀ ਘਰ ਤੋਂ ਬਾਹਰ ਜਾਇਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਸਰਦਾ ਹੋਵੇ ਤਾਂ ਘਰ ਦਾ ਸਮਾਨ ਲੈ ਜਾਣ ਵੇਲੇ ਘਰ 'ਚੋਂ ਇੱਕ ਵਿਅਕਤੀ ਹੀ ਬਾਹਰ ਜਾਵੇ। ਉਨ੍ਹਾਂ ਕਿਹਾ ਕਿ ਮਾਸਕ ਦੀ ਵਰਤੋਂ ਜਰੂਰ ਕਰੋ ਅਤੇ ਬਿਨ੍ਹਾਂ ਕਿਸੇ ਜਰੂਰਤ ਤੋਂ ਪਬਲਿਕ ਥਾਂਵਾ ਨੂੰ ਨਾ ਛੂਹੋ ਅਤੇ ਆਪਣੇ ਹੱਥਾਂ ਨੂੰ ਸੈਨੇਟਾਇਜਰ ਨਾਲ ਸਾਫ ਕਰਦੇ ਰਹੋ। ਉਨ੍ਹਾਂ ਕਿਹਾ ਕਿ ਜੇਕਰ ਕੋਈ ਲੋੜਵੰਦ ਪਰਿਵਾਰ ਹੈ ਜਾਂ ਜੇਕਰ ਕਿਸੇ ਲੋੜਵੰਦ ਪਰਿਵਾਰ ਨੂੰ ਕੱਚਾ ਰਾਸ਼ਨ ਜਾਂ ਪੱਕਿਆ ਭੋਜਨ ਚਾਹੀਦਾ ਹੈ ਤਾਂ ਹੈਲਪ ਲਾਇਨ ਨੰਬਰ 112, 181 'ਤੇ ਫੋਨ ਕੀਤਾ ਜਾ ਸਕਦਾ ਹੈ ਤੁਹਾਡੇ ਘਰ 'ਚ ਹੀ ਰਾਸ਼ਨ ਪਹੁੰਚਾਇਆ ਜਾਵੇਗਾ।